ਬਸੰਤੁ ਮਹਲਾ ੫ ॥ ਮਿਲਿ ਪਾਣੀ ਜਿਉ ਹਰੇ ਬੂਟ ॥ ਸਾਧਸੰਗਤਿ ਤਿਉ ਹਉਮੈ ਛੂਟ ॥ ਜੈਸੀ ਦਾਸੇ ਧੀਰ ਮੀਰ ॥ ਤੈਸੇ ਉਧਾਰਨ ਗੁਰਹ ਪੀਰ ॥ ੧॥ ਤੁਮ ਦਾਤੇ ਪ੍ਰਭ ਦੇਨਹਾਰ ॥ ਨਿਮਖ ਨਿਮਖ ਤਿਸੁ ਨਮਸਕਾਰ ॥੧॥ ਰਹਾਉ ॥ ਜਿਸਹਿ ਪਰਾਪਤਿ ਸਾਧਸੰਗੁ ॥ ਤਿਸੁ ਜਨ ਲਾਗਾ ਪਾਰਬ੍ਰਹਮ ਰੰਗੁ ॥ ਤੇ ਬੰਧਨ ਤੇ ਭਏ ਮੁਕਤਿ ॥ ਭਗਤ ਅਰਾਧਹਿ ਜੋਗ ਜੁਗਤਿ ॥੨॥ ਨੇਤ੍ਰ ਸੰਤੋਖੇ ਦਰਸੁ ਪੇਖਿ ॥ ਰਸਨਾ ਗਾਏ ਗੁਣ ਅਨੇਕ ॥ ਤ੍ਰਿਸਨਾ ਬੂਝੀ ਗੁਰ ਪ੍ਰਸਾਦਿ ॥ ਮਨੁ ਆਘਾਨਾ ਹਰਿ ਰਸਹਿ ਸੁਆਦਿ ॥ ੩॥ ਸੇਵਕੁ ਲਾਗੋ ਚਰਣ ਸੇਵ ॥ ਆਦਿ ਪੁਰਖ ਅਪਰੰਪਰ ਦੇਵ ॥ ਸਗਲ ਉਧਾਰਣ ਤੇਰੋ ਨਾਮੁ ॥ ਨਾਨਕ ਪਾਇਓ ਇਹੁ ਨਿਧਾਨੁ ॥੪॥੬॥ {ਪੰਨਾ 1181}

ਪਦਅਰਥ:- ਮਿਲਿ—ਮਿਲ ਕੇ। ਬੂਟ—ਬੂਟੇ। ਛੂਟ—ਮੁੱਕ ਜਾਂਦੀ ਹੈ। ਦਾਸੇ—ਦਾਸ ਨੂੰ। ਧੀਰ—ਧੀਰਜ, ਹੌਸਲਾ, ਸਹਾਰਾ। ਮੀਰ—ਮਾਲਕ (ਦਾ)। ਗੁਰਹ ਪੀਰ—ਗੁਰੂ-ਪੀਰ। ਉਧਾਰਨ—ਪਾਰ-ਉਤਾਰੇ ਲਈ ਆਸਰਾ।1।

ਦੇਨਹਾਰ—ਸਭ ਕੁਝ ਦੇ ਸਕਣ ਵਾਲੇ। ਨਿਮਖ—{inmy—} ਅੱਖ ਝਮਕਣ ਜਿਤਨਾ ਸਮਾ। ਤਿਸੁ—ਉਸ (ਪਰਮਾਤਮਾ) ਨੂੰ।1। ਰਹਾਉ।

ਜਿਸਹਿ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}। ਸਾਧ ਸੰਗੁ—ਗੁਰੂ ਦਾ ਸਾਥ। ਰੰਗੁ—ਪਿਆਰ। ਤੇ—ਉਹ ਮਨੁੱਖ {ਬਹੁ-ਵਚਨ}। ਤੇ—ਤੋਂ। ਬੰਧਨ ਤੇ—ਮਾਇਆ ਦੇ ਮੋਹ ਦੇ ਬੰਧਨਾਂ ਤੋਂ। ਅਰਾਧਹਿ—ਆਰਾਧਦੇ ਹਨ, ਸਿਮਰਦੇ ਹਨ। ਜੋਗ—ਮਿਲਾਪ। ਜੋਗ ਜੁਗਤਿ—ਪਰਮਾਤਮਾ ਨਾਲ ਮਿਲਾਪ ਦਾ ਤਰੀਕਾ।2।

ਨੇਤ੍ਰ—ਅੱਖਾਂ। ਨੇਤ੍ਰ ਸੰਤੋਖੇ—ਅੱਖਾਂ ਨੂੰ (ਪਰਾਇਆ ਰੂਪ ਤੱਕਣ ਵਲੋਂ) ਸੰਤੋਖ ਆ ਜਾਂਦਾ ਹੈ। ਪੇਖਿ—ਵੇਖ ਕੇ। ਰਸਨਾ—ਜੀਭ। ਗਾਏ—ਗਾਂਦੀ ਹੈ। ਬੂਝੀ—ਮਿਟ ਜਾਂਦੀ ਹੈ। ਗੁਰ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ। ਆਘਾਨਾ—ਰੱਜ ਜਾਂਦਾ ਹੈ। ਹਰਿ ਰਸਹਿ ਸੁਆਦਿ—ਹਰਿ-ਨਾਮ-ਰਸ ਦੇ ਸੁਆਦ ਨਾਲ।3।

ਆਦਿ—ਹੇ ਸਾਰੇ ਜਗਤ ਦੇ ਮੂਲ! ਪੁਰਖ—ਹੇ ਸਰਬ-ਵਿਆਪਕ! ਅਪਰੰਪਰ—ਹੇ ਪਰੇ ਤੋਂ ਪਰੇ! ਸਗਲ ਉਧਾਰਣ—ਸਾਰੇ ਜੀਵਾਂ ਦਾ ਪਾਰ-ਉਤਾਰਾ ਕਰਨ ਵਾਲਾ। ਨਿਧਾਨੁ—ਖ਼ਜ਼ਾਨਾ।4।

ਅਰਥ:- ਹੇ ਪ੍ਰਭੂ! ਤੂੰ (ਜੀਵਾਂ ਨੂੰ) ਸਭ ਕੁਝ ਦੇ ਸਕਣ ਵਾਲਾ ਦਾਤਾਰ ਹੈਂ। ਹੇ ਭਾਈ! ਮੈਂ ਪਲ ਪਲ ਉਸ (ਦਾਤਾਰ ਪ੍ਰਭੂ) ਨੂੰ ਨਮਸਕਾਰ ਕਰਦਾ ਹਾਂ।1। ਰਹਾਉ।

ਹੇ ਭਾਈ! ਜਿਵੇਂ ਪਾਣੀ ਨੂੰ ਮਿਲ ਕੇ ਬੂਟੇ ਹਰੇ ਹੋ ਜਾਂਦੇ ਹਨ (ਤੇ, ਉਹਨਾਂ ਦਾ ਸੋਕਾ ਮੁੱਕ ਜਾਂਦਾ ਹੈ) ਤਿਵੇਂ ਸਾਧ ਸੰਗਤਿ ਵਿਚ ਮਿਲ ਕੇ (ਮਨੁੱਖ ਦੇ ਅੰਦਰੋਂ) ਹਉਮੈ ਮੁੱਕ ਜਾਂਦੀ ਹੈ। ਹੇ ਭਾਈ! ਜਿਵੇਂ ਕਿਸੇ ਦਾਸ ਨੂੰ ਆਪਣੇ ਮਾਲਕ ਦੀ ਧੀਰਜ ਹੁੰਦੀ ਹੈ, ਤਿਵੇਂ ਗੁਰੂ-ਪੀਰ (ਜੀਵਾਂ ਨੂੰ) ਪਾਰ ਉਤਾਰਨ ਲਈ ਆਸਰਾ ਹੁੰਦਾ ਹੈ।1।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ, ਉਸ ਮਨੁੱਖ (ਦੇ ਮਨ) ਨੂੰ ਪਰਮਾਤਮਾ ਦਾ ਪ੍ਰੇਮ-ਰੰਗ ਚੜ੍ਹ ਜਾਂਦਾ ਹੈ। ਹੇ ਭਾਈ! (ਜਿਨ੍ਹਾਂ ਮਨੁੱਖਾਂ ਨੂੰ ਨਾਮ-ਰੰਗ ਚੜ੍ਹ ਜਾਂਦਾ ਹੈ) ਉਹ ਮਨੁੱਖ ਮਾਇਆ ਦੇ ਮੋਹ ਦੇ ਬੰਧਨਾਂ ਤੋਂ ਖ਼ਲਾਸੀ ਹਾਸਲ ਕਰ ਲੈਂਦੇ ਹਨ। ਪਰਮਾਤਮਾ ਦੇ ਭਗਤ ਪਰਮਾਤਮਾ ਦਾ ਨਾਮ ਸਿਮਰਦੇ ਹਨ—ਇਹੀ ਉਸ ਨਾਲ ਮਿਲਾਪ ਦਾ ਸਹੀ ਤਰੀਕਾ ਹੈ।2।

ਹੇ ਭਾਈ! ਪਰਮਾਤਮਾ ਦਾ ਦਰਸਨ ਕਰ ਕੇ (ਮਨੁੱਖ ਦੀਆਂ) ਅੱਖਾਂ ਨੂੰ (ਪਰਾਇਆ ਰੂਪ ਤੱਕਣ ਵੱਲੋਂ) ਸੰਤੋਖ ਆ ਜਾਂਦਾ ਹੈ। (ਜਿਉਂ ਜਿਉਂ ਮਨੁੱਖ ਦੀ) ਜੀਭ ਪਰਮਾਤਮਾ ਦੇ ਅਨੇਕਾਂ ਗੁਣ ਗਾਂਦੀ ਹੈ, ਗੁਰੂ ਦੀ ਕਿਰਪਾ ਨਾਲ (ਉਸ ਦੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ (-ਅੱਗ) ਬੁੱਝ ਜਾਂਦੀ ਹੈ, ਉਸ ਦਾ ਮਨ ਹਰਿ-ਨਾਮ-ਰਸ ਦੇ ਸੁਆਦ ਨਾਲ (ਮਾਇਆ

ਵੱਲੋਂ) ਰੱਜ ਜਾਂਦਾ ਹੈ।3।

ਹੇ ਸਭ ਦੇ ਮੁੱਢ ਪ੍ਰਭੂ! ਹੇ ਸਰਬ-ਵਿਆਪਕ ਪ੍ਰਭੂ! ਹੇ ਪਰੇ ਤੋਂ ਪਰੇ ਪ੍ਰਭੂ! ਹੇ ਪ੍ਰਕਾਸ਼-ਰੂਪ ਪ੍ਰਭੂ! ਤੇਰਾ ਨਾਮ ਸਭ ਜੀਵਾਂ ਦਾ ਪਾਰ-ਉਤਾਰਾ ਕਰਨ ਵਾਲਾ ਹੈ। ਹੇ ਨਾਨਕ! (ਆਖ—ਹੇ ਪ੍ਰਭੂ! ਜਿਹੜਾ ਤੇਰਾ) ਸੇਵਕ (ਤੇਰੇ) ਚਰਨਾਂ ਦੀ ਸੇਵਾ ਵਿਚ ਲੱਗਦਾ ਹੈ, ਉਸ ਨੂੰ (ਤੇਰਾ) ਇਹ ਨਾਮ-ਖ਼ਜ਼ਾਨਾ ਮਿਲ ਜਾਂਦਾ ਹੈ।4।6।